**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲੁਧਿਆਣਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਉਪ ਮੰਡਲ ਮੈਜਿਸਟਰੇਟ,
ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ, ਡਿਪਟੀ ਕਮਿਸ਼ਨਰ,
ਮਾਨਸਾ।

ਸ਼੍ਰੀ ਅਜੀਤ ਸਿੰਘ,
ਲੋਕ ਸੂਚਨਾ ਅਧਿਕਾਰੀ,
ਦਫ਼ਤਰ ਉਪ ਮੰਡਲ ਮੈਜਿਸਟਰੇਟ,
ਮਾਨਸਾ। ------ਉੱਤਰਦਾਤਾ

**ਅਪੀਲ ਕੇਸ 3361 ਆਫ਼ 2018**

**ਹਾਜ਼ਰ:-** 1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਕੀਰਤ ਸਿੰਘ ਕਲਰਕ (84373-00494)

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 02-07-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਜਨਵਰੀ ਸਾਲ 2010 ਤੋਂ ਲੈ ਕੇ ਫਰਵਰੀ 2018 ਤੱਕ ਆਰ.ਟੀ.ਆਈ. ਐਕਟ ਦੇ ਫਾਰਮ "ਕ" ਰੂਲ 4(6) ਦੇ ਤਹਿਤ ਲਗਾਏ ਗਏ ਕੈਸ਼ ਰਜਿਸਟਰ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 03-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 15-11-2018 ਨੂੰ ਪਹਿਲੀ ਸੁਣਵਾਈ ਮਿਤੀ 13-12-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਕਮਿਸ਼ਨ ਦੇ ਹੁਕਮ, ਮਿਤੀ 25-02-2019 ਰਾਹੀਂ ਸ਼੍ਰੀ ਅਜੀਤ ਸਿੰਘ, ਲੋਕ ਸੂਚਨਾ ਅਧਿਕਾਰੀ, ਦਫ਼ਤਰ ਉਪ ਮੰਡਲ ਮੈਜਿਸਟਰੇਟ, ਮਾਨਸਾ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਜਾਰੀ ਕੀਤੇ ਗਏ ਕਾਰਨ-ਦੱਸੋ ਨੋਟਿਸ ਦਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:3361 ਆਫ਼ 2018**

08-04-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗੁਰਕੀਰਤ ਸਿੰਘ ਕਲਰਕ ਵੱਲੋਂ ਪੱਤਰ ਨੰ:37/ਆਰ.ਟੀ.ਆਈ., ਮਿਤੀ 05-04-2019 ਰਾਹੀਂ ਕਮਿਸ਼ਨ ਨੂੰ ਵਿਸਥਾਰ-ਪੂਰਵਕ ਵੇਰਵਾ ਦਿੰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਨੂੰ ਉਨ੍ਹਾਂ ਦੇ ਪੱਤਰ ਨੰ:98/ਆਰ.ਟੀ.ਆਈ., ਮਿਤੀ 18-07-2018 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਉਸ ਵੱਲੋਂ ਸ਼੍ਰੀ ਅਜੀਤ ਸਿੰਘ, ਲੋਕ ਸੂਚਨਾ ਅਧਿਕਾਰੀ, ਦਫ਼ਤਰ ਉਪ ਮੰਡਲ ਮੈਜਿਸਟਰੇਟ, ਮਾਨਸਾ ਦੀ ਤਰਫੋਂ ਹਲਫੀਆ-ਬਿਆਨ, ਮਿਤੀ 08-04-2019 ਵੀ ਪੇਸ਼ ਕੀਤਾ ਹੈ ਜਿਸ ਰਾਹੀਂ ਉਸ ਵੱਲੋਂ ਕਿਹਾ ਗਿਆ ਹੈ ਕਿ ਅਪੀਕਰਤਾ ਕੋਲੋਂ ਦਰਖਾਸਤ ਪ੍ਰਾਪਤ ਹੋਣ ਉਪਰੰਤ 10 ਦਿਨਾਂ ਬਾਅਦ ਹੀ ਅਪੀਲਕਰਤਾ ਨੂੰ ਡਾਕ ਰਾਹੀਂ ਸੂਚਨਾ ਭੇਜ ਦਿੱਤੀ ਗਈ ਸੀ। ਉਨ੍ਹਾਂ ਵੱਲੋਂ ਆਪਣੇ ਜਵਾਬ ਰਾਹੀਂ ਇਹ ਵੀ ਕਿਹਾ ਹੈ ਕਿ ਉਹ ਪਹਿਲਾਂ ਵੀ ਕਮਿਸ਼ਨ ਦੇ ਹੁਕਮ ਮੰਨਣ ਲਈ ਪਾਬੰਦ ਅਤੇ ਤਤਪਰ ਰਿਹਾ ਹੈ ਅਤੇ ਅੱਗੇ ਵੀ ਰਹੇਗਾ।ਇਸ ਲਈ ਉਨ੍ਹਾਂ ਵੱਲੋਂ ਕੇਸ ਦਾਖਲ ਦਫਤਰ ਕਰਨ ਲਈ ਬੇਨਤੀ ਕੀਤੀ ਗਈ ਹੈ। ਅਪੀਲਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਸੂਚਨਾ ਮਿਲ ਗਈ ਹੈ ਪਰੰਤੂ ਇਹ ਵੀ ਕਿਹਾ ਹੈ ਕਿ ਸੂਚਨਾ ਅਧੂਰੀ ਹੈ।

4. ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਜਵਾਬ ਅਤੇ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਕਮਿਸ਼ਨ ਦੇ ਹੁਕਮ, ਮਿਤੀ 25-02-2019 ਰਾਹੀਂ ਸ਼੍ਰੀ ਅਜੀਤ ਸਿੰਘ, ਲੋਕ ਸੂਚਨਾ ਅਧਿਕਾਰੀ, ਦਫ਼ਤਰ ਉਪ ਮੰਡਲ ਮੈਜਿਸਟਰੇਟ, ਮਾਨਸਾ ਨੂੰ ਜਾਰੀ ਕੀਤਾ ਗਿਆ ਕਾਰਨ-ਦੱਸੋ ਨੋਟਿਸ **ਖਾਰਜ ਕੀਤਾ ਜਾਂਦਾ ਹੈ ਅਤੇ** ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

.

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 08 ਅਪ੍ਰੈਲ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਮਨਪ੍ਰੀਤ ਸਿੰਘ ਔਲਖ, (98551-00351)
ਪੁੱਤਰ ਸ਼੍ਰੀ ਦੇਵਿੰਦਰ ਸਿੰਘ,
ਨੇੜੇ ਵਾਟਰ ਵਰਕਸ,
ਪਿੰਡ ਕੈਲਪੁਰ, ਡਾਕਖਾਨਾ ਦਾਖਾ,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮੁੱਲਾਂਪੁਰ ਦਾਖਾ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ,
ਮਿੰਨੀ ਸਕੱਤਰੇਤ, ਲੁਧਿਆਣਾ।

ਸ਼੍ਰੀ ਅਮਰਇੰਦਰ ਸਿੰਘ,
ਲੋਕ ਸੂਚਨਾ ਅਧਿਕਾਰੀ,
ਦਫਤ਼ਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮੁੱਲਾਂਪੁਰ ਦਾਖਾ,
ਜ਼ਿਲ੍ਹਾ ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 2926 ਆਫ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਨੁਮਾਇੰਦੇ, ਸ਼੍ਰੀ ਰਾਕੇਸ਼ ਕੁਮਾਰ ਗੁਪਤਾ, ਐਡਵੋਕੇਟ (ਮੋਬਾਇਲ ਨੰ:98149-24851) ਰਾਹੀਂ ਭੇਜੀ ਗਈ ਈ.ਮੇਲ, ਮਿਤੀ 08-04-2019 ਦੁਆਰਾ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ ਅਤੇ ਦੱਸਿਆ ਗਿਆ ਹੈ ਕਿ ਉਸ ਵੱਲੋਂ ਮਿਤੀ 20-02-2019 ਨੂੰ ਰਿਕਾਰਡ ਦੀ ਇੰਸਪੈਕਸ਼ਨ ਕਰਕੇ ਸ਼ਨਾਖਤ ਕੀਤੀ ਗਈ ਸੂਚਨਾ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕਰਨ ਦੇ ਬਾਵਜੂਦ ਵੀ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਤੋਂ ਇਲਾਵਾ ਉਸ ਵੱਲੋਂ ਲਗਭੱਗ 375 ਦਿਨਾਂ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਸੂਚਨਾ ਨਾ ਪ੍ਰਾਪਤ ਹੋਣ ਕਾਰਨ ਮੁਆਵਜ਼ੇ ਤੋਂ ਇਲਾਵਾ ਲੋਕ ਸੂਚਨਾ ਅਧਿਕਾਰੀ ਨੂੰ ਜੁਰਮਾਨਾ ਲਾਉਣ ਬਾਰੇ ਵੀ ਬੇਨਤੀ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਕੀਤੀ ਗਈ ਹੈ।

2. ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਈ.ਮੇਲ, ਮਿਤੀ 08-04-2019 ਰਾਹੀਂ ਇੱਕ ਪੱਤਰ ਨੰ:344, ਮਿਤੀ 08-04-2019 ਪ੍ਰਾਪਤ ਹੋਇਆ ਹੈ ਜਿਸ ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਦੀ ਡਿਊਟੀ ਲੋਕ ਸਭਾ ਚੋਣਾਂ ਵਿੱਚ ਲੱਗੀ ਹੋਣ ਕਾਰਨ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦੇ। ਇਸ ਕਰਕੇ ਉਨ੍ਹਾਂ ਵੱਲੋ ਪੇਸ਼ੀ ਲਈ ਅਗਲੀ ਮਿਤੀ ਲੋਕ ਸਭਾ ਚੋਣਾਂ ਤੋਂ ਬਾਅਦ ਨਿਸਚਿਤ ਕਰਨ ਲਈ ਬੇਨਤੀ ਕੀਤੀ ਗਈ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 27-05-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 08 **ਅਪ੍ਰੈਲ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਮਨਪ੍ਰੀਤ ਸਿੰਘ ਔਲਖ, (98551-00351)
ਪੁੱਤਰ ਸ਼੍ਰੀ ਦੇਵਿੰਦਰ ਸਿੰਘ,
ਨੇੜੇ ਵਾਟਰ ਵਰਕਸ,
ਪਿੰਡ ਕੈਲਪੁਰ, ਡਾਕਖਾਨਾ ਦਾਖਾ,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮੁੱਲਾਂਪੁਰ ਦਾਖਾ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ,
ਮਿੰਨੀ ਸਕੱਤਰੇਤ, ਲੁਧਿਆਣਾ।

ਸ਼੍ਰੀ ਅਮਰਇੰਦਰ ਸਿੰਘ,
ਲੋਕ ਸੂਚਨਾ ਅਧਿਕਾਰੀ,
ਦਫਤ਼ਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮੁੱਲਾਂਪੁਰ ਦਾਖਾ,
ਜ਼ਿਲ੍ਹਾ ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 2927 ਆਫ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਨੁਮਾਇੰਦੇ, ਸ਼੍ਰੀ ਰਾਕੇਸ਼ ਕੁਮਾਰ ਗੁਪਤਾ, ਐਡਵੋਕੇਟ (ਮੋਬਾਇਲ ਨੰ:98149-24851) ਰਾਹੀਂ ਭੇਜੀ ਗਈ ਈ.ਮੇਲ, ਮਿਤੀ 08-04-2019 ਦੁਆਰਾ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ ਅਤੇ ਦੱਸਿਆ ਗਿਆ ਹੈ ਕਿ ਉਸ ਵੱਲੋਂ ਮਿਤੀ 20-02-2019 ਨੂੰ ਰਿਕਾਰਡ ਦੀ ਇੰਸਪੈਕਸ਼ਨ ਕਰਕੇ ਸ਼ਨਾਖਤ ਕੀਤੀ ਗਈ ਸੂਚਨਾ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕਰਨ ਦੇ ਬਾਵਜੂਦ ਵੀ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਤੋਂ ਇਲਾਵਾ ਉਸ ਵੱਲੋਂ ਲਗਭੱਗ 375 ਦਿਨਾਂ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਸੂਚਨਾ ਨਾ ਪ੍ਰਾਪਤ ਹੋਣ ਕਾਰਨ ਮੁਆਵਜ਼ੇ ਤੋਂ ਇਲਾਵਾ ਲੋਕ ਸੂਚਨਾ ਅਧਿਕਾਰੀ ਨੂੰ ਜੁਰਮਾਨਾ ਲਾਉਣ ਬਾਰੇ ਵੀ ਬੇਨਤੀ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**





ਕੀਤੀ ਗਈ ਹੈ।

2. ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਈ.ਮੇਲ, ਮਿਤੀ 08-04-2019 ਰਾਹੀਂ ਇੱਕ ਪੱਤਰ ਨੰ:344, ਮਿਤੀ 08-04-2019 ਪ੍ਰਾਪਤ ਹੋਇਆ ਹੈ ਜਿਸ ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਦੀ ਡਿਊਟੀ ਲੋਕ ਸਭਾ ਚੋਣਾਂ ਵਿੱਚ ਲੱਗੀ ਹੋਣ ਕਾਰਨ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦੇ। ਇਸ ਕਰਕੇ ਉਨ੍ਹਾਂ ਵੱਲੋ ਪੇਸ਼ੀ ਲਈ ਅਗਲੀ ਮਿਤੀ ਲੋਕ ਸਭਾ ਚੋਣਾਂ ਤੋਂ ਬਾਅਦ ਨਿਸਚਿਤ ਕਰਨ ਲਈ ਬੇਨਤੀ ਕੀਤੀ ਗਈ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ** 27-05-2019 **ਨੂੰ ਸਵੇਰੇ** 11.30 **ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 08 **ਅਪ੍ਰੈਲ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਮਨਪ੍ਰੀਤ ਸਿੰਘ ਔਲਖ, (98551-00351)
ਪੁੱਤਰ ਸ਼੍ਰੀ ਦੇਵਿੰਦਰ ਸਿੰਘ,
ਨੇੜੇ ਵਾਟਰ ਵਰਕਸ,
ਪਿੰਡ ਕੈਲਪੁਰ, ਡਾਕਖਾਨਾ ਦਾਖਾ,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮੁੱਲਾਂਪੁਰ ਦਾਖਾ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ,
ਮਿੰਨੀ ਸਕੱਤਰੇਤ, ਲੁਧਿਆਣਾ।

ਸ਼੍ਰੀ ਅਮਰਇੰਦਰ ਸਿੰਘ,
ਲੋਕ ਸੂਚਨਾ ਅਧਿਕਾਰੀ,
ਦਫਤ਼ਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮੁੱਲਾਂਪੁਰ ਦਾਖਾ,
ਜ਼ਿਲ੍ਹਾ ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ: 2928 ਆਫ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਨੁਮਾਇੰਦੇ, ਸ਼੍ਰੀ ਰਾਕੇਸ਼ ਕੁਮਾਰ ਗੁਪਤਾ, ਐਡਵੋਕੇਟ (ਮੋਬਾਇਲ ਨੰ:98149-24851) ਰਾਹੀਂ ਭੇਜੀ ਗਈ ਈ.ਮੇਲ, ਮਿਤੀ 08-04-2019 ਦੁਆਰਾ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ ਅਤੇ ਦੱਸਿਆ ਗਿਆ ਹੈ ਕਿ ਉਸ ਵੱਲੋਂ ਮਿਤੀ 20-02-2019 ਨੂੰ ਰਿਕਾਰਡ ਦੀ ਇੰਸਪੈਕਸ਼ਨ ਕਰਕੇ ਸ਼ਨਾਖਤ ਕੀਤੀ ਗਈ ਸੂਚਨਾ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕਰਨ ਦੇ ਬਾਵਜੂਦ ਵੀ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਤੋਂ ਇਲਾਵਾ ਉਸ ਵੱਲੋਂ ਲਗਭੱਗ 375 ਦਿਨਾਂ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਸੂਚਨਾ ਨਾ ਪ੍ਰਾਪਤ ਹੋਣ ਕਾਰਨ ਮੁਆਵਜ਼ੇ ਤੋਂ ਇਲਾਵਾ ਲੋਕ ਸੂਚਨਾ ਅਧਿਕਾਰੀ ਨੂੰ ਜੁਰਮਾਨਾ ਲਾਉਣ ਬਾਰੇ ਵੀ ਬੇਨਤੀ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:2928 ਆਫ਼** 2018

ਕੀਤੀ ਗਈ ਹੈ।

2. ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਈ.ਮੇਲ, ਮਿਤੀ 08-04-2019 ਰਾਹੀਂ ਇੱਕ ਪੱਤਰ ਨੰ:344, ਮਿਤੀ 08-04-2019 ਪ੍ਰਾਪਤ ਹੋਇਆ ਹੈ ਜਿਸ ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਦੀ ਡਿਊਟੀ ਲੋਕ ਸਭਾ ਚੋਣਾਂ ਵਿੱਚ ਲੱਗੀ ਹੋਣ ਕਾਰਨ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦੇ। ਇਸ ਕਰਕੇ ਉਨ੍ਹਾਂ ਵੱਲੋ ਪੇਸ਼ੀ ਲਈ ਅਗਲੀ ਮਿਤੀ ਲੋਕ ਸਭਾ ਚੋਣਾਂ ਤੋਂ ਬਾਅਦ ਨਿਸਚਿਤ ਕਰਨ ਲਈ ਬੇਨਤੀ ਕੀਤੀ ਗਈ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 27-05-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 08 **ਅਪ੍ਰੈਲ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਵਾਸੀ ਪਿੰਡ ਭੋਲਾਪੁਰ ਝਾਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲੁਧਿਆਣਾ-123455. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਫੂਡ ਸੇਫਟੀ ਅਫਸਰ,
ਮੋਗਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਸਿਵਲ ਸਰਜਨ,
ਮੋਗਾ।

ਸ਼੍ਰੀ ਅਭੀਨਵ ਕੁਮਾਰ,
ਲੋਕ ਸੂਚਨਾ ਅਧਿਕਾਰੀ,
ਦਫ਼ਤਰ ਫੂਡ ਸੇਫਟੀ ਅਫਸਰ,
ਬਰਨਾਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2677 ਆਫ਼ 2018**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਭਿਨਵ ਕੁਮਾਰ, ਫੂਡ ਸੇਫਟੀ ਅਫਸਰ, ਬਰਨਾਲਾ (98882-23720) ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 31-03-2018, ਲੋਕ ਸੂਚਨਾ ਅਧਿਕਾਰੀ ਦਫਤਰ ਫੂਡ ਸੇਫਟੀ ਅਫਸਰ, ਮੋਗਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਜਨਵਰੀ ਸਾਲ 2010 ਤੋਂ ਲੈ ਕੇ ਫਰਵਰੀ, 2018 ਤੱਕ ਆਰ.ਟੀ.ਆਈ. ਦੇ ਫਾਰਮ "ਕ" ਰੂਲ 4(6) ਦੇ ਤਹਿਤ ਲਗਾਏ ਗਏ ਕੈਸ਼ ਰਜਿਸਟਰ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 08-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-09-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 03-10-2018 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 17-12-2018 ਰਾਹੀਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਮੁਆਵਜ਼ੇ ਵਜੋਂ 2000/-ਰੁਪਏ (ਕੇਵਲ ਦੋ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਪੀਲਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕਰਕੇ ਸਬੂਤ ਵਜੋਂ ਰਸੀਦ ਪੇਸ਼ੀ ਦੀ ਅਗਲੀ ਮਿਤੀ ਤੇ ਕਮਿਸ਼ਨ ਨੂੰ ਪੇਸ਼ ਕੀਤੀ ਜਾਵੇ। ਇਸ ਤੋਂ ਇਲਾਵਾ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਇਹ ਵੀ ਸਖਤ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ।

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 22-01-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪੇਸ਼ੀ ਮਿਤੀ 22-01-2019 ਤੇ ਫਿਰ ਅਪੀਲਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਨੂੰ ਨਾ ਤਾਂ ਮੰਗੀ ਗਈ ਸੂਚਨਾ ਪ੍ਰਾਪਤ ਹੋਈ ਹੈ ਅਤੇ ਨਾ ਹੀ ਮੁਆਵਜ਼ੇ ਵਜੋਂ 2000/-ਰੁਪਏ (ਕੇਵਲ ਦੋ ਹਜ਼ਾਰ ਰੁਪਏ) ਦੀ ਰਾਸ਼ੀ ਹੀ ਪ੍ਰਾਪਤ ਹੋਈ ਹੈ ਜਿਸ ਕਾਰਨ ਉਸ ਨੂੰ ਮਾਨਸਿਕ ਤੇ ਆਰਥਿਕ ਪ੍ਰੇਸ਼ਾਨੀ ਸਾਹਮਣਾ ਕਰਨਾ ਪੈ ਰਿਹਾ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਫਿਰ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਕਰਕੇ ਕਮਿਸ਼ਨ ਦੇ ਹੁਕਮ, ਮਿਤੀ 22-01-2019 ਰਾਹੀਂ ਸ਼੍ਰੀ ਅਭੀਨਵ ਕੁਮਾਰ, ਲੋਕ ਸੂਚਨਾ ਅਧਿਕਾਰੀ, ਦਫ਼ਤਰ ਫੂਡ ਸੇਫਟੀ ਅਫਸਰ, ਮੋਗਾ (ਹੁਣ ਬਰਨਾਲਾ) ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਜਾਰੀ ਕੀਤੇ ਗਏ ਕਾਰਨ-ਦੱਸੋ ਨੋਟਿਸ ਦਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 25-02-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪੇਸ਼ੀ ਮਿਤੀ 25-02-2019 ਤੇ ਫਿਰ ਲੋਕ ਸੂਚਨਾ ਅਧਿਕਾਰੀ ਹਾਜ਼ਰ ਨਹੀਂ ਹੋਏ ਸੀ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਕਰਕੇ ਲੋਕ ਸੂਚਨਾ ਅਧਿਕਾਰੀ ਨੂੰ ਕਾਰਨ-ਦੱਸੋ ਨੋਟਿਸ ਸਬੰਧੀ ਆਪਣਾ ਜਵਾਬ ਪੇਸ਼ ਕਰਨ ਦਾ ਆਖਰੀ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 08-04-2019 ਨੂੰ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ।ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਨਹੀਂ ਮਿਲੀ ਅਤੇ ਨਾ ਹੀ ਮੁਆਵਜ਼ੇ ਵਜੋਂ 2000/-ਰੁਪਏ ਦੀ ਰਾਸ਼ੀ ਹੀ ਪ੍ਰਾਪਤ ਹੋਈ ਹੈ।ਹਾਜ਼ਰ ਉੱਤਰਦਾਤਾ ਸ਼੍ਰੀ ਅਭਿਨਵ ਕੁਮਾਰ, ਫੂਡ ਸੇਫਟੀ ਅਫਸਰ, ਬਰਨਾਲਾ ਨੇ ਆਪਣੇ ਬਿਆਨ, ਮਿਤੀ 08-04-2019 ਰਾਹੀਂ ਲਿਖਤੀ ਰੂਪ ਵਿੱਚ ਕਮਿਸ਼ਨ ਨੂੰ ਦੱਸਿਆ ਹੈ ਕਿ ਕਮਿਸ਼ਨ ਦੇ ਹੁਕਮ, ਮਿਤੀ 22-01-2019 ਅਨੁਸਾਰ ਅਪੀਲਕਰਤਾ ਨੂੰ ਮੁਆਵਜ਼ੇ ਵਜੋਂ 2000/-ਰੁਪਏ ਦੀ ਨਕਦ ਅਦਾਇਗੀ ਕਰ ਦਿੱਤੀ ਗਈ ਹੈ। ਇਸ ਤੋਂ ਇਲਾਵਾ ਉਸ ਵੱਲੋਂ ਕਮਿਸ਼ਨ ਵੱਲੋਂ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ ਦੇ ਸਬੰਧ ਵਿੱਚ ਦੱਸਿਆ ਗਿਆ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ., ਮਿਤੀ 31-03-2018 ਦੇ ਸਬੰਧ ਵਿੱਚ ਪੱਤਰ ਨੰ:7396 ਰਾਹੀਂ ਮਿਤੀ 08-05-2018 ਨੂੰ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਸੂਚਨਾ ਦੀ ਇੱਕ ਕਾਪੀ ਪੇਸ਼ੀ ਦੌਰਾਨ ਵੀ ਅਪੀਲਕਰਤਾ ਨੂੰ ਦੇ ਦਿੱਤੀ ਗਈ ਹੈ। ਕਮਿਸ਼ਨ ਦੇ ਹੁਕਮਾਂ ਅਨੁਸਾਰ ਪੇਸ਼ੀ ਤੇ ਪਹਿਲਾਂ ਹਾਜ਼ਰ ਨਾ ਹੋਣ ਬਾਰੇ ਉਸ ਨੇ ਕਿਹਾ ਹੈ ਕਿ ਉਸ ਦੀ ਮਿਤੀ 30-01-2019 ਨੂੰ ਬਦਲੀ ਹੋਣ ਕਾਰਨ ਪੇਸ਼ੀ ਦਾ ਪਤਾ ਨਹੀਂ ਚੱਲ ਸਕਿਆ। ਇਸ ਤਰ੍ਹਾਂ ਉਸ ਵੱਲੋਂ ਕਿਹਾ ਗਿਆ ਹੈ ਕਿ ਉਸ ਨੇ ਜਾਣ-ਬੁੱਝ ਕੇ ਕੋਈ ਅਣਗਹਿਲੀ ਨਹੀਂ ਕੀਤੀ ਅਤੇ ਜੇਕਰ ਕੋਈ ਅਣਗਹਿਲੀ ਹੋਈ ਵੀ ਹੈ ਤਾਂ ਉਹ ਮੁਆਫੀ ਚਾਹੁੰਦਾ ਹੈ। ਉਸ ਨੇ ਇਹ ਵੀ ਕਿਹਾ ਹੈ ਕਿ ਉਹ ਕਮਿਸ਼ਨ ਦਾ ਪੂਰਾ ਸਨਮਾਨ ਕਰਦਾ ਹੈ ਅਤੇ ਵਿਸ਼ਵਾਸ਼ ਦੁਆਉਂਦਾ ਹੈ ਕਿ ਭਵਿੱਖ ਵਿੱਚ ਅਜਿਹੀ ਅਣਗਹਿਲੀ ਨਹੀਂ ਹੋਵੇਗੀ। ਇਸ ਲਈ ਉਸ ਵੱਲੋਂ ਅਪੀਲ ਕੇਸ ਬੰਦ ਕਰਨ ਅਤੇ ਕਾਰਨ ਦੱਸੋ ਨੋਟਿਸ ਖਾਰਜ ਕਰਨ ਲਈ ਬੇਨਤੀ ਕੀਤੀ ਗਈ ਹੈ।

4. ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਕਮਿਸ਼ਨ ਦੇ ਹੁਕਮ, ਮਿਤੀ 22-01-2019 ਰਾਹੀਂ ਸ਼੍ਰੀ ਅਭਿਨਵ ਕੁਮਾਰ, ਫੂਡ ਸੇਫਟੀ ਅਫਸਰ, ਮੋਗਾ (ਹੁਣ ਬਰਨਾਲਾ) ਨੂੰ ਜਾਰੀ ਕੀਤਾ ਗਿਆ ਕਾਰਨ-ਦੱਸੋ ਨੋਟਿਸ **ਖਾਰਜ ਕੀਤਾ ਜਾਂਦਾ ਹੈ** ਅਤੇ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

.

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 08 ਅਪ੍ਰੈਲ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਦੀਪ ਸਿੰਘ ਢੀਂਗੀ ਪੁੱਤਰ
ਸ਼੍ਰੀ ਹਰਨਾਮ ਸਿੰਘ,
ਵਾਸੀ ਬਲਾਕ ਨੰ: 1 ਮਕਾਨ ਨੰ 390,
ਧਰਮਪੁਰਾ ਮੁੱਹਲਾ,ਧੂਰੀ,
ਜ਼ਿਲ੍ਹਾ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ,ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ,
ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ:323/2019**

**ਹਾਜ਼ਰ:-** 1) ਅਪੀਲਕਰਤਾਵ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਮੇਲ ਸਿੰਘ, ਕਲਰਕ (98761-44893)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 10-11-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਉਪ ਮੰਡਲ ਮੈਜਿਸਟਰੇਟ,ਧੂਰੀ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਭਵਗਾਨਪੁਰਾ ਸ਼ੂਗਰ ਮਿੱਲ ਧੂਰੀ ਵੱਲੋਂ ਪੁੱਟੇ ਵੱਡੇ ਤੇ ਡੂੰਘੇ ਟੋਏ/ਤਲਾਅ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 03-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 09-01-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-02-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 06-03-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 06-03-2019 ਤੇ ਅਪੀਲਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਮੇਲ ਸਿੰਘ, ਕਲਰਕ, ਨੇ ਅਪੀਲਕਰਤਾ ਦੇ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਅਦਾਲਤ ਵਿਖੇ ਪੇਸ਼ ਹੋ ਕੇ ਪੱਤਰ ਨੰ:133, ਮਿਤੀ 26-02-2019 ਪੇਸ਼ ਕਰਦੇ ਹੋਏ ਦੱਸਿਆ ਸੀ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਉਨ੍ਹਾਂ ਦੇ ਪੱਤਰ ਨੰ: 97/ਆਰ.ਟੀ.ਆਈ., ਮਿਤੀ 07-12-2018, ਪੱਤਰ ਨੰ: 115/ਆਰ.ਟੀ.ਆਈ., ਮਿਤੀ 18-01-2019, ਪੱਤਰ ਨੰ: 119/ਆਰ.ਟੀ.ਆਈ., ਮਿਤੀ 31-01-2019 ਰਾਹੀਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**323/2019

ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਨੂੰ ਦੁਬਾਰਾ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜ਼ ਕੇ ਪੋਸਟਲ ਰਸੀਦ ਕਮਿਸ਼ਨ ਨੂੰ ਪੇਸ਼ ਕੀਤੀ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 08-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗੁਰਮੇਲ ਸਿੰਘ, ਕਲਰਕ, ਨੇ ਪੱਤਰ ਨੰ:145/ਆਰ.ਟੀ.ਆਈ., ਮਿਤੀ 16-03-2019 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਦੁਬਾਰਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੈ ਕਿ ਅਪੀਲਕਰਤਾ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 08 ਅਪ੍ਰੈਲ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਿਸ਼ਾਲ ਜ਼ੋਸ਼ੀ
ਨਿਵਾਸੀ 1697/12, ਗਲੀ ਛੱਜੂ ਮਿਸ਼ਰ ,
ਚੌਂਕ ਫਰੀਦ, ਅੰਮ੍ਰਿਤਸਰ।

------ਅਪੀਲਕਰਤਾ ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ, ਫਰਮਜ਼ ਤੇ ਸੋਸਾਇਟੀਜ, ਪੰਜਾਬ,
17 ਬੇਜ਼ ਬਿਲਡਿੰਗ, ਕਮਰਾ ਨੰ:12, ਤੀਜੀ ਮੰਜ਼ਿਲ,
ਸੈਕਟਰ 17 ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਜਿਸਟਰਾਰ, ਫਰਮਜ਼ ਤੇ ਸੋਸਾਇਟੀਜ, ਪੰਜਾਬ,
17 ਬੇਜ਼ ਬਿਲਡਿੰਗ, ਕਮਰਾ ਨੰ:12, ਤੀਜੀ ਮੰਜ਼ਿਲ,
ਸੈਕਟਰ 17 ਚੰਡੀਗੜ੍ਹ।

------ਉੱਤਰਦਾਤਾ

**ਅਪੀਲ ਕੇਸ ਨੰ:332/2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਸ਼੍ਰੀ ਅਮਰਜੀਤ ਸਿੰਘ, ਸੁਪਰਡੰਟ ਅਤੇ ਸ਼੍ਰੀ ਸਤਨਾਮ ਸਿੰਘ, ਕਲਰਕ (98556-11320)।

**ਹੁਕਮ:**

ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ ਸ਼੍ਰੀ ਅਮਰਜੀਤ ਸਿੰਘ, ਸੁਪਰਡੰਟ ਨੇ ਪੱਤਰ ਨੰ:541, ਮਿਤੀ 27-03-2019 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਕੀਤਾ ਹੋਇਆ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਗਿਆ ਹੈ ਕਿ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 08-04-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗੀ ਕੀਤੀ ਗਈ ਹੈ।ਇਸ ਤੋਂ ਇਲਾਵਾ ਉਸ ਵੱਲੋਂ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਲੋਕ ਸੂਚਨਾ ਅਧਿਕਾਰੀ ਵੱਲੋਂ ਅਧੂਰੀ ਸੂਚਨਾ ਦਿੱਤੀ ਗਈ ਹੈ ਅਤੇ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ।

3. ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 30-04-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 08 ਅਪ੍ਰੈਲ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦਵਿੰਦਰ ਸਿੰਘ (ਮੋਬ 9915677876)
ਪੁੱਤਰ ਸ਼੍ਰੀ ਪਰਮਪਾਲ ਸਿੰਘ
ਵਾਸੀ ਪਿੰਡ ਗਾਮੀਵਾਲਾ ,
ਡਾਕ ਬੋਹਾ, ਤਹਿਸੀਲ ਬੁਢਲਾਡਾ,
ਜ਼ਿਲ੍ਹਾ ਮਾਨਸਾ-151503. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ, ਮਾਨਸਾ। ------ਉੱਤਰਦਾਤਾ

**ਅਪੀਲ ਕੇਸ ਨੰ:281/2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਸ਼ੋਕ ਕੁਮਾਰ, ਪੰਚਾਇਤ ਸਕੱਤਰ ਅਤੇ ਸ਼੍ਰੀ ਜਗਜੀਤ ਸਿੰਘ, ਕਲਰਕ (94641-54747)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 31-07-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ, ਮਾਨਸਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਮੁੱਖੀ ਗਰਾਮ ਪੰਚਾਇਤ, ਪਿੰਡੀ ਗਾਮੀਵਾਲਾ ਬਾਰੇ ਸਾਲ ਜਨਵਰੀ 2010 ਤੋਂ ਲੈ ਕੇ ਜੁਲਾਈ 2013 ਤੱਕ ਦੇ ਸਮੇਂ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 07-01-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-02-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 06-03-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 06-04-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਮੰਗੀ ਗਈ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਵਾਸਤੇ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕਰਦੇ ਹੋਏ ਲੋਕ ਸੂਚਨਾ ਅਧਿਕਾਰੀ ਵਿਰੁੱਧ ਕਾਰਵਾਈ ਕਰਨ ਅਤੇ ਮੁਆਵਜ਼ੇ ਲਈ ਵੀ ਬੇਨਤੀ ਕੀਤੀ ਗਈ ਹੈ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਸ਼ੋਕ ਕੁਮਾਰ, ਪੰਚਾਇਤ ਸਕੱਤਰ ਨੇ ਪੱਤਰ ਨੰ:19, ਮਿਤੀ 25-09-2018 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਕੀਤਾ ਹੋਇਆ ਹੈ, ਦੀ ਕਾਪੀ ਪੇਸ਼

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**281/2019

ਕਰਦੇ ਹੋਏ ਕਿਹਾ ਗਿਆ ਹੈ ਕਿ ਅਪੀਲਕਰਤਾ ਨੂੰ ਮਿਤੀ 26-09-2018 ਨੂੰ ਪਹਿਲਾਂ ਹੀ ਰਜਿਸਟਰਡ ਡਾਕ ਰਾਹੀਂ ਨੁਕਤਾ-ਵਾਰ ਸੂਚਨਾ ਭੇਜੀ ਜਾ ਚੁੱਕੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਕਮਿਸ਼ਨ ਵੱਲੋਂ ਵਾਚਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ,** 08 **ਅਪ੍ਰੈਲ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੰਤੋਸ਼ ਕੁਮਾਰ,
ਪੁੱਤਰ ਸ਼੍ਰੀ ਮਦਨ ਲਾਲ,
ਵਾਸੀ ਵਾਰਡ ਨੰ:2, ਏ/421,
ਓਲਡ ਨਿਊ ਵਾਰਡ ਨੰ:19,
ਜਨਤਾ ਨਗਰ,ਹਾਕਮ ਸੀਟਾਂ ਵਾਲੀ ਗਲੀ,
ਧੂਰੀ, ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਧੂਰੀ, ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਸੰਗਰੂਰ। ....... ਉੱਤਰਦਾਤਾ

**ਅਪੀਲ ਕੇਸ ਨੰ:4115 ਆਫ਼ 2018**

**ਹਾਜ਼ਰ:-**

1) ਸ਼੍ਰੀ ਸੰਤੋਸ਼ ਕੁਮਾਰ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਹਰਜਿੰਦਰ ਕੌਰ, ਸੁਪਰਡੰਟ (94638-14181) ਅਤੇ ਸ਼੍ਰੀ ਵਿਕਾਸ ਸਿੰਘ, ਪੰਚਾਇਤ ਸਕੱਤਰ (99145-22039)।

**ਹਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਹਰਜਿੰਦਰ ਕੌਰ, ਸੁਪਰਡੰਟ ਨੇ ਪੱਤਰ ਨੰ:5802, ਮਿਤੀ 25-03-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਨੂੰ ਸੂਚਨਾ ਪਹਿਲਾਂ ਹੀ ਪੱਤਰ ਨੰ:5916, ਮਿਤੀ 05-04-2019 ਰਾਹੀਂ ਭੇਜੀ ਜਾ ਚੁੱਕੀ ਹੈ ਅਤੇ ਉਸ ਵੱਲੋਂ ਦੁਬਾਰਾ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਸੂਚਨਾ ਦਸਤੀ ਵੀ ਦੇ ਦਿੱਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

2. ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 28-05-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 08 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੰਤੋਸ਼ ਕੁਮਾਰ,
ਪੁੱਤਰ ਸ਼੍ਰੀ ਮਦਨ ਲਾਲ,
ਵਾਸੀ ਵਾਰਡ ਨੰ:2, ਏ/421,
ਓਲਡ ਨਿਊ ਵਾਰਡ ਨੰ:19,
ਜਨਤਾ ਨਗਰ,ਹਾਕਮ ਸੀਟਾਂ ਵਾਲੀ ਗਲੀ,
ਧੂਰੀ, ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਧੂਰੀ, ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਸੰਗਰੂਰ। ....... ਉੱਤਰਦਾਤਾ

**ਅਪੀਲ ਕੇਸ ਨੰ:4116 ਆਫ਼ 2018**

**ਹਾਜ਼ਰ:-**

1) ਸ਼੍ਰੀ ਸੰਤੋਸ਼ ਕੁਮਾਰ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਹਰਜਿੰਦਰ ਕੌਰ,, ਸੁਪਰਡੰਟ (94638-14181) ਅਤੇ ਸ਼੍ਰੀ ਵਿਕਾਸ ਸਿੰਘ, ਪੰਚਾਇਤ ਸਕੱਤਰ (99145-22039)।

**ਹਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਹਰਜਿੰਦਰ ਕੌਰ, ਸੁਪਰਡੰਟ ਨੇ ਪੱਤਰ ਨੰ:5804, ਮਿਤੀ 25-03-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਨੂੰ ਸੂਚਨਾ ਪਹਿਲਾਂ ਹੀ ਪੱਤਰ ਨੰ:5914, ਮਿਤੀ 05-04-2019 ਰਾਹੀਂ ਭੇਜੀ ਜਾ ਚੁੱਕੀ ਹੈ ਅਤੇ ਉਸ ਵੱਲੋਂ ਦੁਬਾਰਾ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਸੂਚਨਾ ਦਸਤੀ ਵੀ ਦੇ ਦਿੱਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

2. ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 28-05-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 08 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੰਤੋਸ਼ ਕੁਮਾਰ,
ਪੁੱਤਰ ਸ਼੍ਰੀ ਮਦਨ ਲਾਲ,
ਵਾਸੀ ਵਾਰਡ ਨੰ:2, ਏ/421,
ਓਲਡ ਨਿਊ ਵਾਰਡ ਨੰ:19,
ਜਨਤਾ ਨਗਰ,ਹਾਕਮ ਸੀਟਾਂ ਵਾਲੀ ਗਲੀ,
ਧੂਰੀ, ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਧੂਰੀ, ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਸੰਗਰੂਰ। ....... ਉੱਤਰਦਾਤਾ

**ਅਪੀਲ ਕੇਸ ਨੰ:4117 ਆਫ਼ 2018**

**ਹਾਜ਼ਰ:-**

1) ਸ਼੍ਰੀ ਸੰਤੋਸ਼ ਕੁਮਾਰ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਹਰਜਿੰਦਰ ਕੌਰ, ਸੁਪਰਡੰਟ (94638-14181) ਅਤੇ ਸ਼੍ਰੀ ਵਿਕਾਸ ਸਿੰਘ, ਪੰਚਾਇਤ ਸਕੱਤਰ (99145-22039)।

**ਹੁਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਹਰਜਿੰਦਰ ਕੌਰ, ਸੁਪਰਡੰਟ ਨੇ ਪੱਤਰ ਨੰ:5918, ਮਿਤੀ 05-04-2019 ਪੇਸ਼ ਕਰਦੇ ਹੋਏ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਸੂਚਨਾ ਦਸਤੀ ਮੁਹੱਈਆ ਕਰ ਦਿੱਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

2. ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 28-05-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 08 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਗਤਾਰ ਸਿੰਘ,(ਮੋਬ 99880-20005)
ਈ-85, ਪੰਜਾਬੀ ਯੂਨੀਵਰਸਿਟੀ ਕੈਂਪਸ,
ਪਟਿਆਲਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ: 4319 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ (98554-93346)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-03-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਆਪਣੇ ਜੀ.ਪੀ.ਫੰਡ ਅਤੇ ਐਨ.ਪੀ.ਐਸ. ਕਰਮਚਾਰੀਆਂ ਦੇ ਜੀ.ਪੀ.ਫੰਡ ਨਾਲ ਸਬੰਧਤ 11 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 14-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 09-01-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-02-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

3. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ ਨੇ ਪੱਤਰ ਨੰ:2722/ਐਸ-7/600-18/ਆਰ.ਟੀ.ਆਈ. ਸੈੱਲ, ਮਿਤੀ 04-04-2019 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਅਪੀਲਕਰਤਾ ਨੂੰ ਮਿਤੀ 05-04-2019 ਨੂੰ ਸੂਚਨਾ ਦਸਤੀ ਮੁਹੱਈਆ ਕਰਵਾਈ ਜਾ ਚੁੱਕੀ ਹੈ। ਇਸ ਦੇ ਸਬੂਤ ਵਜੋਂ ਉਨ੍ਹਾਂ ਵੱਲੋਂ ਅਪੀਲਕਰਤਾ ਕੋਲੋਂ ਪ੍ਰਾਪਤ ਕੀਤੀ ਗਈ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ, ਸਮੇਤ ਰਸੀਦ, ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੈ ਕਿ ਅਪੀਲਕਰਤਾ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 08 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਮਲਕੀਅਤ ਸਿੰਘ, ਐਡਵੋਕੇਟ,
ਸਿਵਲ ਕੋਰਟ ਦਸੂਆ,
ਜ਼ਿਲ੍ਹਾ ਹੁਸ਼ਿਆਰਪੁਰ। -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ ਹਾਜੀਪੁਰ, ਤਹਿਸੀਲ ਮੁਕੇਰੀਆਂ,
ਜ਼ਿਲ੍ਹਾ ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਹੁਸ਼ਿਆਰਪੁਰ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:1216 ਆਫ 2018**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਪ੍ਰਦੀਪ ਸਿੰਘ (89684-21397) ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ਼੍ਰੀ ਹਰਦੀਪ ਸਿੰਘ, ਸੁਪਰਡੰਟ (94658-83035)।

**ਹੁਕਮ:-**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 04-04-2018 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਬਲਾਕ ਹਾਜੀਪੁਰ, ਤਹਿਸੀਲ ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਸ਼ਿਕਾਇਤਕਰਤਾ ਨੇ ਸ਼੍ਰੀਮਤੀ ਗੁਰਬਖਸ਼ ਕੌਰ ਦੇ ਪਿੰਡ ਸਵਾਰ ਦੀ ਸਰਪੰਚ ਰਹਿਣ ਸਮੇਂ ਗਰਾਮ ਪੰਚਾਇਤ ਪਿੰਡ ਸਵਾਰ ਨੂੰ ਸਰਕਾਰ ਵਲੋਂ ਮਿਲੀਆਂ ਗਰਾਂਟਾਂ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵਲੋਂ ਮੰਗੀ ਗਈ ਸੂਚਨਾ ਮੁਹੱਈਆ ਨਾ ਕਰਨ ਕਾਰਨ ਉਸ ਨੇ ਮਿਤੀ 28-09-2018 ਨੂੰ ਸ਼ਿਕਾਇਤਕਰਤਾ ਨੇ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ । ਉਸ ਉਪਰੰਤ ਮਿਤੀ 22-11-2018 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ। ਕਮਿਸ਼ਨ ਵੱਲੋਂ ਮਿਤੀ 03-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 05-02-2019 ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਦੋਵੇਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਹਾਜ਼ਰ ਸ਼੍ਰੀ ਹਰਦੀਪ ਸਿੰਘ, ਸੁਪਰਡੰਟ ਨੇ ਕਿਹਾ ਹੈ ਕਿ ਕਮਿਸ਼ਨ ਦੇ ਹੁਕਮ, ਮਿਤੀ 07-03-2019 ਅਨੁਸਾਰ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਰਾਸ਼ੀ ਦੀ ਸ਼ਿਕਾਇਤਕਰਤਾ ਨੂੰ ਮਿਤੀ 02-04-2019 ਨੂੰ ਅਦਾਇਗੀ ਕੀਤੀ ਜਾ ਚੁੱਕੀ ਹੈ ਅਤੇ ਸੂਚਨਾ ਪਹਿਲਾਂ ਹੀ ਮੁਹੱਈਆ ਕਰਵਾਈ ਜਾ ਚੁੱਕੀ ਹੈ। ਸ਼ਿਕਾਇਤਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਪ੍ਰਦੀਪ ਸਿੰਘ ਨੇ ਮੰਨਿਆ ਹੈ ਕਿ ਮੁਆਵਜ਼ੇ ਦੀ ਰਕਮ ਅਤੇ ਸੂਚਨਾ ਪ੍ਰਾਪਤ ਹੋ ਚੁੱਕੀ ਹੈ ਅਤੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 08 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਅਜੀਤ ਸਿੰਘ, (99148-64200)
ਪੁੱਤਰ ਸ਼੍ਰੀ ਬਾਬੂ ਸਿੰਘ,
ਵਾਸੀ ਪਿੰਡ ਰਾਮਪੁਰ ਸੈਣੀਆ,
ਤਹਿਸੀਲ ਡੇਰਾ ਬੱਸੀ,
ਜ਼ਿਲ੍ਹਾ ਮੁਹਾਲੀ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ ਡੇਰਾ ਬੱਸੀ,
ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਮੈਜਿਸਟਰੇਟ, ਡੇਰਾ ਬੱਸੀ,
ਜ਼ਿਲ੍ਹਾ ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ:4133 ਆਫ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵਲੋਂ ਸ਼੍ਰੀ ਰਵਿੰਦਰ ਸਿੰਘ ਸਟੈਨੋ (98141-38153)।

**ਹੁਕਮ:-**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 17-05-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਤਹਿਸੀਲਦਾਰ ਡੇਰਾ ਬੱਸੀ, ਜ਼ਿਲ੍ਹਾ ਮੁਹਾਲੀ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਨੇ ਪਿੰਡ ਰਾਮਪੁਰ ਸੈਣੀਆ ਦੀ ਮੁਰੱਬੇਬੰਦੀ ਵੇਲੇ ਬਣੀ ਫੀਲਡ ਬੁੱਕ ਅਤੇ ਤਰੀਕਾ ਤਕਸੀਮ ਨਾਲ ਸਬੰਧਤ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵਲੋਂ ਮੰਗੀ ਗਈ ਸੂਚਨਾ ਮੁਹੱਈਆ ਨਾ ਕਰਨ ਕਾਰਨ ਉਸ ਨੇ ਮਿਤੀ 27-06-2018 ਨੂੰ ਅਪੀਲਕਰਤਾ ਨੇ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ । ਉਸ ਉਪਰੰਤ ਮਿਤੀ 03-12-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ। ਕਮਿਸ਼ਨ ਵੱਲੋਂ ਮਿਤੀ 02-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 04-02-2019 ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 07-03-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਹਾਜ਼ਰ ਸ਼੍ਰੀ ਰਵਿੰਦਰ ਕਮਾਰ, ਸੁਪਰਡੰਟ ਨੇ ਕਿਹਾ ਸੀ ਹੈ ਕਿ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਪਰੰਤੂ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਅਧੂਰੀ ਸੁਚਨਾ ਦਿੱਤੀ ਗਈ ਹੈ ਅਤੇ ਉਸ ਨੂੰ ਫੀਲਡ ਬੁੱਕ ਅਤੇ ਤਰੀਕਾ ਤਕਸੀਮ ਬਾਰੇ ਸੂਚਨਾ ਨਹੀਂ ਦਿੱਤੀ ਗਈ। ਹਾਜ਼ਰ ਉੱਤਰਦਾਤਾ ਨੇ ਕਿਹਾ ਸੀ ਕਿ ਫੀਲਡ ਬੁੱਕ ਅਤੇ ਤਰੀਕਾ ਤਕਸੀਮ ਬਾਰੇ ਸੂਚਨਾ ਉਨ੍ਹਾਂ ਕੋਲ ਉਪਲਬਧ ਨਹੀਂ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:4133 ਆਫ 2018**

ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਸਬੰਧੀ ਵਿਸਥਾਰ-ਪੂਰਵਕ ਜਵਾਬ ਅਪੀਲਕਰਤਾ ਨੂੰ ਦਿੱਤਾ ਜਾਵੇ ਅਤੇ ਜੇਕਰ ਕੋਈ ਸੂਚਨਾ ਉਨ੍ਹਾਂ ਦੇ ਰਿਕਾਰਡ ਵਿੱਚ ਉਪਲਬਧ ਨਾ ਹੋਵੇ ਤਾਂ ਉਸ ਬਾਰੇ ਹਲਫੀਆ-ਬਿਆਨ ਪੇਸ਼ ਕੀਤਾ ਜਾਵੇ ਅਤੇ ਹਲਫੀਆ-ਬਿਆਨ ਦੀ ਤਸਦੀਕ-ਸ਼ੁਦਾ ਕਾਪੀ ਅਪੀਲਕਰਤਾ ਨੂੰ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 08-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਹਾਜ਼ਰ ਸ਼੍ਰੀ ਰਵਿੰਦਰ ਸਿੰਘ ਸਟੈਨੋ ਨੇ ਪੱਤਰ ਨੰ:43, ਮਿਤੀ 15-03-2019 ਦੀ ਦਫ਼ਤਰ ਕਾਪੀ ਪੇਸ਼ ਕਰਦੇ ਹੋਏ ਕਿਹਾ ਹੈ ਕਿ ਕਮਿਸ਼ਨ ਦੇ ਹੁਕਮ, ਮਿਤੀ 07-03-2019 ਅਨੁਸਾਰ ਅਪੀਲਕਰਤਾ ਨੂੰ ਮਿਤੀ 01-04-2019 ਨੂੰ ਐਫੀਡੈਵਿਟ ਦੀ ਕਾਪੀ ਦਸਤੀ ਦੇ ਦਿੱਤੀ ਗਈ ਹੈ। ਇਸ ਸਬੰਧੀ ਉਸ ਵੱਲੋਂ ਅਪੀਲਕਰਤਾ ਕੋਲੋਂ ਪ੍ਰਾਪਤ ਕੀਤੀ ਗਈ ਰਸੀਦ ਵੀ ਪੇਸ਼ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੈ ਕਿ ਅਪੀਲਕਰਤਾ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 08 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਨਕ ਸਿੰਘ (ਮੋਬ 94172-32139)
ਪੁੱਤਰ ਸ਼੍ਰੀ ਗੁਰਦਿਆਲ ਸਿੰਘ,
ਮਕਾਨ ਨੰ:ਐਚ-15-ਈ,
ਗੁਰੂ ਤੇਗ ਬਹਾਦਰ ਕਲੋਨੀ,
ਪਟਿਆਲਾ। -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਿਪਟੀ ਕਮਿਸ਼ਨਰ,
ਸੰਗਰੂਰ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 42/2019**

**ਹਾਜ਼ਰ:-**
1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਸੁਖਬੀਰ ਸਿੰਘ, ਪੰਚਾਇਤ ਸਕੱਤਰ (62835-43230) ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਸੰਗਰੂਰ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 16-08-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਪਿੰਡ ਮੰਗਵਾਲ ਦੇ ਛੱਪੜ ਦੀ ਕੁੱਲ ਜ਼ਮੀਨ ਅਤੇ ਛੱਪੜ ਤੇ ਕਬਜ਼ਾ ਕਰਨੇ ਵਾਲੇ ਵਿਅਕਤੀਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 07-01-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਗਈ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-02-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਸੁਖਬੀਰ ਸਿੰਘ, ਪੰਚਾਇਤ ਸਕੱਤਰ ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਸੰਗਰੂਰ ਨੇ ਦੱਸਿਆ ਹੈ ਕਿ ਕਮਿਸ਼ਨ ਦੇ ਹੁਕਮ, ਮਿਤੀ 06-03-2019 ਅਨੁਸਾਰ ਸ਼ਿਕਾਇਤਕਰਤਾ ਨੂੰ ਪੱਤਰ ਲਿਖ ਕੇ ਆਰ.ਟੀ.ਆਈ. ਬਾਰੇ ਸਪੱਸ਼ਟੀਕਰਣ ਮੰਗਿਆ ਗਿਆ ਸੀ ਪਰੰਤੂ ਉਸ ਵੱਲੋਂ ਕੋਈ ਜਵਾਬ ਨਹੀਂ ਭੇਜਿਆ ਗਿਆ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਫੋਨ ਰਾਹੀਂ ਵੀ ਸ਼ਿਕਾਇਤਕਰਤਾ ਨੂੰ ਸਪਸ਼ਟੀਕਰਣ ਭੇਜਣ ਲਈ ਕਿਹਾ ਗਿਆ ਸੀ ਪਰੰਤੂ ਉਸ ਵੱਲੋਂ ਫਿਰ ਵੀ ਕੋਈ ਉੱਤਰ ਨਹੀਂ ਭੇਜਿਆ ਗਿਆ। ਇਸ ਤਰ੍ਹਾਂ ਹਾਜ਼ਰ ਉੱਤਰਦਾਤਾ ਵੱਲੋਂ ਕਿਹਾ ਗਿਆ ਹੈ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਸਪੱਸ਼ਟ ਨਾ ਹੋਣ ਕਾਰਨ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ। ਸ਼ਿਕਾਇਤਕਰਤਾ ਲਗਾਤਾਰ ਦੋ ਪੇਸ਼ੀਆਂ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੈ ਕਿ ਸ਼ਿਕਾਇਤਕਰਤਾ ਇਸ ਕੇਸ ਦੀ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਕਮਿਸ਼ਨ ਹਾਜ਼ਰ ਉੱਤਰਦਾਤਾ ਦੇ ਜਵਬ ਤੋਂ ਸੰਤੁਸ਼ਟ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 08 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**